# ਦਫ਼ਤਰ ਜ਼ਿਲ੍ਹਾ ਚੋਣ ਅਫਸਰ, ਬਠਿੰਡਾ

*OFFICE DISTRICT ELECTION OFFICER, BATHINDA*
*(Room No: 303, 2nd Floor Mini Secretariat)*
*Phone No. 0164-2211022 E-mail :-etbtd@punjab.gov.in*


PUNJAB VOTES

ਵੱਲ

ਜਿਲ੍ਹਾ ਸਿੱਖਿਆ ਅਫਸਰ(ਸੈਕੰਡਰੀ)

ਬਠਿੰਡਾ।

ਪੱਤਰ ਨੰ. ਚੋਣ-2022/ 6309

ਮਿਤੀ: 14.10.2022

ਵਿਸ਼ਾ: ਵੋਟਰ ਸੂਚੀਆਂ ਦੀ ਸਰਸਰੀ ਸੁਧਾਈ 01-01-2023ਅਨੁਸਾਰ 18 -19 ਸਾਲ ਦੇ ਵਿਦਿਆਰਥੀਆਂ ਦੀ Enrollment ਲਈ ਡਾਕਉਮੈਂਟਸ ਇਕੱਠੇ ਕਰਨ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਯੋਗਤਾ ਮਿਤੀ 01.01.2023 ਅਨੁਸਾਰ ਨੌਜਵਾਨ ਵੋਟਰਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਨ ਲਈ ਮੁੱਖ ਚੋਣ ਅਫਸਰ ਪੰਜਾਬ ਜੀ ਵਲੋਂ ਸਵੀਪ ਗਤੀਵਿਧੀਆਂ ਅਧੀਨ ਉਪਰਾਲੇ ਕੀਤੇ ਜਾ ਰਹੇ ਹਨ। ਸਪੈਸ਼ਲ ਸਮਰੀ ਰਵੀਜ਼ਨ ਦੇ ਅਨੁਸਾਰ ਵੋਟਰ ਰਜਿਸਟਰੇਸ਼ਨ ਦਾ ਕੰਮ ਮਿਤੀ 09-11-2022 ਤੋਂ ਸ਼ੁਰੂ ਹੋ ਰਿਹਾ ਹੈ ਇਸ ਅਨੁਸਾਰ ਕੋਈ ਵੀ ਵਿਦਿਆਰਥੀ ਜੋ ਮਿਤੀ 01-01-2023 ਤੱਕ 18 ਸਾਲ ਦੀ ਉਮਰ ਪੂਰੀ ਕਰ ਚੁੱਕਾ ਹੈ ਉਸਦੀ ਵੋਟ ਰਜਿਸਟਰੇਸ਼ਨ ਨੂੰ ਯਕੀਨੀ ਬਣਾਇਆ ਜਾਣਾ ਹੈ। ਇਸ ਮੰਤਵ ਦੀ ਪੂਰਤੀ ਹੇਤੂ ਆਪ ਜੀ ਵਲੋਂ ਆਪਣੇ ਅਧੀਨ ਆਉਂਦੇ ਸਕੂਲਾਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਤੋਂ ਹੇਠ ਲਿਖਿਤ ਦਸਤਾਵੇਜ ਇਕੱਠੇ ਕਰਨੇ ਸ਼ੂਰੂ ਕਰ ਦੇਣ ਤਾਂ ਜੋ ਵੋਟ ਰਜਿਸਟਰੇਸ਼ਨ ਕਰਨ ਸਮੇਂ ਕਿਸੇ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਤੋਂ ਇਲਾਵਾ ਸਕੂਲ ਨੋਟਿਸ ਬੋਰਡ ਤੇ ਚੋਣ ਸਾਖਰਤਾ ਕਲੱਬ ਦੇ ਇੰਚਾਰਜਾਂ ਦਾ ਮੋਬਾਇਲ ਨੰਬਰ ਵੀ ਡਿਸਪਲੇਅ ਕਰਵਾਇਆ ਜਾਵੇ ਤਾਂ ਜੋ ਵਿਦਿਆਰਥੀ ਲੋੜੀਂਦੀ ਸੂਚਨਾ ਪ੍ਰਾਪਤ ਕਰਨ ਲਈ ਇੰਚਾਰਜ਼ ਨੂੰ ਸੰਪਰਕ ਕਰ ਸਕਣ।

ਵੋਟ ਰਜਿਸਟਰੇਸ਼ਨ ਕਰਨ ਲਈ ਜਰੂਰੀ ਦਸਤਾਵੇਜ਼:

1. ਪਾਸਪੋਰਟ ਸਾਈਜ ਰੰਗਦਾਰ ਫੋਟੋ
2. ਜਨਮ ਮਿਤੀ ਦਾ ਸਬੂਤ
3. ਆਧਾਰ ਕਾਰਡ/ਰਿਹਾਇਸ਼ ਦਾ ਸਬੂਤ
4. ਪਰਿਵਾਰ ਵਿਚੋਂ ਕਿਸੇ ਇੱਕ ਮੈਂਬਰ ਜਾਂ ਕਿਸੇ ਗੁਆਂਢੀ ਦੇ ਵੋਟਰ ਕਾਰਡ ਦੀ ਕਾਪੀ

ਵੋਟ ਰਜਿਸਟਰੇਸ਼ਨ ਭਾਰਤ ਚੋਣ ਕਮਿਸ਼ਨ ਦੇ ਵੋਟਰ ਹੈਲਪ ਲਾਈਨ ਐਪ, ਐਨ.ਵੀ.ਐਸ.ਪੀ. ਪੋਰਟਲ ਰਾਹੀਂ ਆਨਲਾਈਨ ਜਾਂ ਬੀ.ਐਲ.ਓ. ਰਾਹੀਂ ਫਾਰਮ ਨੰ. 6 ਭਰ ਕੇ ਆਫਲਾਈਨ ਕੀਤੀ ਜਾ ਸਕਦੀ ਹੈ।

ਵਾਸਤੇ ਜਿਲ੍ਹਾ ਚੋਣ ਅਫਸਰ
ਬਠਿੰਡਾ।

ਪਿੱਠ ਅੰਕਣ ਨੰ. ਚੋਣ-2022/ 6310 ਮਿਤੀ: 14/11/2022

ਉਪਰੋਕਤ ਦਾ ਉਤਾਰਾ ਸਹਾਇਕ ਨੋਡਲ ਅਫਸਰ ਸਵੀਪ ਬਠਿੰਡਾ ਸ੍ਰੀ ਸੁਰੇਸ਼ ਗੌੜ ਜੀ ਨੂੰ ਜਾਣਕਾਰੀ ਅਤੇ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਾਸਤੇ ਜਿਲ੍ਹਾ ਚੋਣ ਅਫਸਰ
ਬਠਿੰਡਾ।

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ
ਪਿਠ ਅੰਕਣ ਨੰ: ਜੀ.ਪੀ(1)2022/151 ਮਿਤੀ 26/10/2022
ਉਕਤ ਦਾ ਉਤਾਰਾ ਜਿਲ੍ਹੇ ਦੇ ਸਮੂਹ ਸਕੂਲ ਮੁੱਖੀਆਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

26/10/2022
ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ।